# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 23-05-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਪਟਿਆਲਾ ਅਤੇ ਭਲਕੇ 24 ਮਈ ਨੂੰ ਗੁਰਦਾਸਪੁਰ ਤੇ ਜਲੰਧਰ ਵਿਚ ਪਾਰਟੀ ਦੀਆਂ ਫਤਹਿ ਚੋਣ ਰੈਲੀਆਂ ਨੂੰ ਸੰਬੋਧਤ ਕਰਨਗੇ। ਪ੍ਰਧਾਨ ਮੰਤਰੀ ਦੀ ਸੁਰੱਖਿਆ ਨੂੰ ਲੈ ਕੇ ਵੱਖ-ਵੱਖ ਏਜੰਸੀਆਂ ਪਿਛਲੇ ਕਈ ਦਿਨਾਂ ਤੋਂ ਪੂਰੀ ਤਰ੍ਹਾਂ ਨਾਲ ਚੌਕਸ ਨੇ ਅਤੇ ਸੁਰੱਖਿਆ ਦੇ ਸਖਤ ਇੰਤਜਾਮ ਕੀਤੇ ਗਏ ਨੇ।

*ਹੋਰ ਵੇਰਵੇ ਨਾਲ ਇਹ ਰਿਪੋਰਟ : ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਰੈਲੀ ਵਾਲੀ ਥਾਂ ਪੋਲੋ ਗਰਾਉਂਡ ਵਿਖੇ ਸ਼ਾਮ ਕਰੀਬ ਚਾਰ ਵਜੇ ਪਹੁੰਚਣਗੇ। ਉਨਾਂ ਦੀ ਫੇਰੀ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਵਿਚ ਖਾਸ ਉਤਸ਼ਾਹ ਏ ਅਤੇ ਉਹ ਬੇਸਬਰੀ ਨਾਲ ਪ੍ਰਧਾਨ ਮੰਤਰੀ ਦੀ ਉਡੀਕ ਕਰ ਰਹੇ ਨੇ। ਪ੍ਰਧਾਨ ਮੰਤਰੀ ਦੇ ਆਉਣ ਨਾਲ ਸੂਬੇ ਵਿਚ ਚੋਣਾਂ ਨੂੰ ਲੈ ਕੇ ਸਿਆਸੀ ਮਾਹੌਲ ਦੇ ਹੋਰ ਭਖਣ ਦੀ*

*ਸੰਭਾਵਨਾ ਏ । ਪਟਿਆਲਾ ਜ਼ਿਲਾ ਪ੍ਰਸ਼ਾਸਨ ਨੇ ਸੁਰੱਖਿਆ ਦੇ ਤਗੜੇ ਬੰਦੋਬਸਤ ਕੀਤੇ ਨੇ ਅਤੇ ਪੋਲੋ ਗਰਾਉਂਡ ਦੇ ਆਲੇ ਦੁਆਲੇ ਦੇ ਇਲਾਕੇ ਵਿਚ ਵਾਧੂ ਗਿਣਤੀ ਵਿਚ ਪੁਲਿਸ ਫੋਰਸ ਦੀ ਤਾਇਨਾਤੀ ਕੀਤੀ ਗਈ ਏ । ਪ੍ਰਧਾਨ ਮੰਤਰੀ ਮੋਦੀ ਭਲਕੇ 24 ਮਈ ਨੂੰ ਗੁਰਦਾਸਪੁਰ ਅਤੇ ਜਲੰਧਰ ਵਿਚ ਭਾਜਪਾ ਦੀਆਂ ਚੋਣ ਰੈਲੀਆਂ ਨੂੰ ਸੰਬੋਧਤ ਕਰਨਗੇ । ਇਨਾਂ ਰੈਲੀਆਂ ਲਈ ਤਿਆਰੀਆਂ ਜੰਗੀ ਪੱਧਰ ਤੇ ਕੀਤੀਆਂ ਜਾ ਰਹੀਆਂ ਨੇ । ਇਸ ਦੌਰਾਨ ਮੁਖ ਮੰਤਰੀ ਭਗਵੰਤ ਸਿੰਘ ਮਾਨ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿਚ ਵੱਖ ਵੱਖ ਲੋਕਸਭਾ ਹਲਕਿਆਂ ਵਿਚ ਰੋਡ ਸ਼ੋ ਕਰ ਰਹੇ ਨੇ ਜਦਕਿ ਕਾਂਗਰਸ ਪਾਰਟੀ, ਸ਼ਿਰੋਮਣੀ ਅਕਾਲੀ ਦਲ ਅਤੇ ਬਹੁਜਨ ਸਮਾਜ ਪਾਰਟੀ ਸਮੇਤ ਹੋਰਨਾਂ ਪਾਰਟੀਆਂ ਦੇ ਸਥਾਨਕ ਨੇਤਾ ਆਪੋ ਆਪਣੇ ਪੱਧਰ ਤੇ ਚੋਣ ਪ੍ਰਚਾਰ ਮੁਹਿੰਮ ਵਿਚ ਰੁਝੇ ਹੋਏ ਨੇ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---

ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਜ ਜਲੰਧਰ ਜ਼ਿਲ੍ਹੇ ਦੇ

ਫ਼ਿਲੌਰ, ਨਕੋਦਰ, ਜਲੰਧਰ ਕੈਂਟ ਅਤੇ ਆਦਮਪੁਰ ਵਿੱਖੇ ਪਾਰਟੀ ਉਮੀਦਵਾਰ ਪਵਨ ਕੁਮਾਰ ਟੀਨੂੰ ਦੇ ਹੱਕ ਵਿੱਚ ਰੋਡ ਸ਼ੋ ਕੱਢਣਗੇ ਅਤੇ ਚੋਣ ਰੈਲੀਆਂ ਨੂੰ ਸੰਬੋਧਨ ਕਰਨਗੇ।

---------------------------------------------------

ਚੋਣ ਕਮਿਸ਼ਨ ਨੇ 1998 ਬੈਚ ਦੇ ਆਈ.ਪੀ.ਐਸ. ਅਧਿਕਾਰੀ ਨੀਲਭ ਕਿਸ਼ੋਰ ਨੂੰ ਲੁਧਿਆਣਾ ਅਤੇ 2008 ਬੈਚ ਦੇ ਆਈ.ਪੀ.ਐਸ. ਅਧਿਕਾਰੀ ਰਾਹੁਲ ਐਸ ਨੂੰ ਜਲੰਧਰ ਦਾ ਨਵਾਂ ਪੁਲੀਸ ਕਮਿਸ਼ਨਰ ਨਿਯੁਕਤ ਕੀਤਾ ਏ। ਨੀਲਭ ਕਿਸ਼ੋਰ ਇਸ ਵੇਲੇ ਏਡੀਜੀਪੀ ਐਸ.ਟੀ.ਐਫ. ਅਤੇ ਰਾਹੁਲ ਐਸ, ਡੀ.ਆਈ.ਜੀ-ਕਮ- ਡਾਇਰੈਕਟਰ ਵਿਜੀਲੈਂਸ ਬਿਊਰੋ ਸ਼ਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਤਾਇਨਾਤ ਨੇ। ਇਸ ਸਬੰਧੀ ਚੋਣ ਕਮਿਸ਼ਨ ਨੇ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਨੂੰ ਪੱਤਰ ਭੇਜ ਦਿੱਤਾ ਏ।

---------------------------------------------------

ਜਲੰਧਰ ਤੋਂ ਭਾਰਤੀ ਜਨਤਾ ਪਾਰਟੀ ਦੇ ਲੋਕ ਸਭਾ ਉਮੀਦਵਾਰ ਸੁਸ਼ੀਲ ਰਿੰਕੂ ਨੇ ਕਿਹਾ ਏ ਕਿ ਆਪਣੇ ਪੁਰਾਣੇ ਹਲਕਿਆਂ ਨੂੰ ਛੱਡਣ ਵਾਲੇ

ਕਾਂਗਰਸ ਦੇ ਪੈਰਾਸ਼ੂਟ ਉਮੀਦਵਾਰ ਜਲੰਧਰ ਦੇ ਹਾਲਾਤ ਕਿਵੇਂ ਬਦਲਣਗੇ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਵਿਕਾਸ ਦੇ ਨਾਂ 'ਤੇ ਆਪਣੇ ਲੋਕਾਂ ਦੇ ਹਾਲਾਤ ਬਦ ਤੋਂ ਬਦਤਰ ਕਰ ਦਿੱਤੇ ਨੇ, ਉਹ ਕਿਸ ਮੁੱਦੇ 'ਤੇ ਜਲੰਧਰ ਦੇ ਲੋਕਾਂ ਤੋਂ ਵੋਟਾਂ ਮੰਗ ਰਹੇ ਨੇ ਉਨ੍ਹਾਂ ਕਿਹਾ ਕਿ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੇ ਚਾਲ-ਚਲਣ ਨੂੰ ਦੇਖਦੇ ਹੋਏ ਕਾਂਗਰਸ ਅਤੇ ਆਪ ਪਾਰਟੀ ਨੂੰ ਕਰਾਰੀ ਹਾਰ ਦਾ ਸਾਹਮਣਾ ਕਰਨਾ ਪਵੇਗਾ।

-------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਰੂਪਨਗਰ ਵੱਲੋਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਏ ਕਿ ਮਿੱਟੀ ਪਰਖ ਰਾਹੀਂ ਖਾਦਾਂ ਦੀ ਸੁਚੱਜੀ ਵਰਤੋਂ ਕੀਤੀ ਜਾਵੇ। ਜ਼ਿਲੇ ਦੇ ਮੁੱਖ ਖੇਤੀਬਾੜੀ ਅਫਸਰ ਡਾ. ਗੁਰਬਚਨ ਸਿੰਘ ਨੇ ਪਿੰਡ ਅਸਮਾਨ ਪੁਰ ਬਲਾਕ ਵਿਖੇ ਮਿੱਟੀ ਦਾ ਨਮੂਨਾ ਲੈਣ ਦੇ ਢੰਗ ਬਾਰੇ ਕਿਸਾਨਾਂ ਨੂੰ ਦੱਸਿਆ ਅਤੇ ਕਿਹਾ ਕਿ ਖਾਦਾਂ ਦੀ ਦੁਰਵਰਤੋਂ ਨਾ ਸਿਰਫ ਭੂਮੀ ਤੇ ਫ਼ਸਲਾਂ ਦੀ ਸਿਹਤ ਤੇ ਮਾੜਾ ਅਸਰ ਪਾਉਂਦੀ ਏ ਸਗੋਂ ਵਾਤਾਵਰਣ ਨੂੰ ਵੀ ਖਰਾਬ ਕਰਦੀ ਏ। ਉਨਾਂ ਕਿਹਾ ਕਿ ਮਿੱਟੀ ਦੀ ਪਰਖ ਤੋਂ ਸਾਨੂੰ ਜ਼ਮੀਨ ਦੀ ਉਪਜਾਊ ਸ਼ਕਤੀ, ਉਸਦੇ ਖਾਰੀ

ਅੰਗ, ਜੀਵਕ ਕਾਰਬਨ ਅਤੇ ਜ਼ਰੂਰੀ ਤੱਤਾਂ ਦੀ ਉਪਲੱਬਧੀ ਦਾ ਪਤਾ ਲੱਗਦਾ ਏ ਜਿਸ ਅਨੁਸਾਰ ਖਾਦਾਂ ਦੀ ਮਾਤਰਾ ਦੀ ਸਿਫ਼ਾਰਸ਼ ਕੀਤੀ ਜਾਂਦੀ ਏ।

----------------------------------------------------

ਮੁਹਾਲੀ ਜ਼ਿਲੇ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਭੰਗ ਦੇ ਪੌਦਿਆਂ ਦੇ ਵਿਆਪਕ ਵਾਧੇ ਨੂੰ ਰੋਕਣ ਲਈ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਨੂੰ ਤੁਰੰਤ ਪ੍ਰਭਾਵ ਨਾਲ ਨਸ਼ਟ ਕਰਨ ਲਈ ਤੁਰੰਤ ਕਾਰਵਾਈ ਕੀਤੀ ਜਾਵੇ। ਸ਼ਹਿਰੀ ਤੇ ਦਿਹਾਤੀ ਲੋਕਲ ਬਾਡੀਜ਼ ਅਤੇ ਡਰੱਗ ਕੰਟਰੋਲ ਅਥਾਰਟੀਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਨਸ਼ਿਆਂ ਵਜੋਂ ਵਰਤੇ ਜਾਣ ਵਾਲੇ ਅਜਿਹੇ ਪੌਦਿਆਂ ਦੀ ਆਸਾਨੀ ਨਾਲ ਉਪਲਬਧਤਾ ਨੌਜਵਾਨਾਂ ਲਈ ਖਤਰਨਾਕ ਬਣ ਸਕਦੀ ਏ। ਉਨ੍ਹਾਂ ਕਿਹਾ ਕਿ ਛੋਟੇ ਜਾਂ ਵੱਡੇ ਹੋਣ ਵਾਲੇ ਜੰਗਲੀ ਭੰਗ ਦੇ ਪੌਦੇ ਦੀ ਫੀਲਡ ਟੀਮਾਂ ਰਾਹੀਂ ਸ਼ਨਾਖਤ ਕੀਤੀ ਜਾਵੇ ਅਤੇ ਸਬੰਧਤ ਦਫ਼ਤਰ ਦੇ ਮੁਖੀ ਦੇ ਹਸਤਾਖਰਾਂ ਹੇਠ ਰਿਪੋਰਟ ਪੇਸ਼ ਕੀਤੀ ਜਾਵੇ। ਉਨਾਂ ਕਿਹਾ ਕਿ ਇੱਕ ਵਾਰ ਭੰਗ ਵਾਲੇ ਖੇਤਰ ਦੀ ਪਛਾਣ

ਹੋ ਜਾਣ ਤੋਂ ਬਾਅਦ, ਸਬੰਧਤ ਜ਼ਮੀਨ ਦੀ ਮਾਲਕੀ ਵਾਲੀ ਏਜੰਸੀ ਉਸ ਨੂੰ ਨਸ਼ਟ ਕਰਨ ਲਈ ਤੁਰੰਤ ਕਦਮ ਚੁੱਕੇ।

------------------------------------------------------------

ਪੀ.ਏ.ਯੂ.- ਕ੍ਰਿਸ਼ੀ ਵਿਗਿਆਨ ਕੇਂਦਰ ਪਟਿਆਲਾ ਵੱਲੋਂ 15 ਤੋਂ 21 ਮਈ ਤੱਕ ਫਲ਼ਾਂ, ਸਬਜ਼ੀਆਂ ਅਤੇ ਸੋਇਆਬੀਨ ਦੀ ਪ੍ਰੋਸੈਸਿੰਗ ਦਾ ਪੰਜ ਦਿਨ ਦਾ ਸਿਖਲਾਈ ਕੋਰਸ ਆਯੋਜਿਤ ਕੀਤਾ ਗਿਆ। ਇਸ ਵਿਚ ਵੱਖ-ਵੱਖ ਪਿੰਡਾਂ ਬਡਲਾ, ਜਲਬੇੜਾ, ਮਲਕੋਂ, ਭਵਾਨੀਗੜ, ਦੇਵੀਗੜ੍ਹ ਤੇ ਗਾਜੇਵਾਸ ਆਦਿ ਤੋਂ ਕਿਸਾਨਾਂ ਨੇ ਭਾਗ ਲਿਆ। ਸਿਖਲਾਈ ਦੇ ਕੋਰਸ ਕੁਆਰਡੀਨੇਟਰ ਭੋਜਨ ਵਿਗਿਆਨ ਦੇ ਪ੍ਰੋਫੈਸਰ ਡਾ.ਰਜਨੀ ਗੋਇਲ ਨੇ ਫਲਾਂ, ਸਬਜ਼ੀਆਂ ਅਤੇ ਸੋਇਆਬੀਨ ਦੀ ਪ੍ਰੋਸੈਸਿੰਗ, ਪੈਕਿੰਗ ਅਤੇ ਲੇਬਲਿੰਗ ਬਾਰੇ ਸਿਖਲਾਈ ਦਿੱਤੀ। ਕੋਰਸ ਦੌਰਾਨ ਸਿੱਖਿਆਰਥੀਆਂ ਨੇ ਆਪਣੇ ਹੱਥੀ ਵੱਖ-ਵੱਖ ਮੁਰੱਬੇ, ਕੈਂਡੀ, ਜੈਮ, ਆਰ.ਟੀ.ਸੀ., ਸਕੈਸ਼, ਸੋਇਆਬੀਨ ਦੁੱਧ, ਪਨੀਰ ਆਦਿ ਤਿਆਰ ਕਰਨ ਦੀ ਵਿਧੀ ਨੂੰ ਜਾਣਿਆ। ਪਿੰਡ ਕਲਿਆਣ ਦੇ ਅਗਾਂਹਵਧੂ ਕਿਸਾਨ ਗੁਰਪ੍ਰੀਤ ਕੋਰ ਨੇ ਸਿੱਖਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਸਖ਼ਤ

ਮਿਹਨਤ ਲਈ ਉਤਸ਼ਾਹਿਤ ਕੀਤਾ । ਕੇ.ਵੀ.ਕੇ.ਦੇ ਇੰਚਾਰਜ ਡਾ. ਗੁਰਉਪਦੇਸ਼ ਕੌਰ ਨੇ ਸਿੱਖਿਆਰਥੀਆਂ ਨੂੰ ਫਲ਼ਾਂ ਅਤੇ ਸਬਜ਼ੀਆਂ ਦੇ ਖ਼ੁਰਾਕੀ ਮਹੱਤਤਾ ਅਤੇ ਬਾਗਬਾਨੀ ਦੇ ਪ੍ਰੋਫੈਸਰ ਡਾ. ਰਚਨਾ ਸਿੰਗਲਾ ਨੇ ਘਰੇਲੂ ਬਗੀਚੀ ਅਤੇ ਫਲਦਾਰ ਬੂਟਿਆਂ ਦੀ ਕਾਸ਼ਤ ਬਾਰੇ ਦੱਸਿਆ । ਇਸ ਕੋਰਸ ਦੌਰਾਨ ਸਿੱਖਿਆਰਥੀਆਂ ਨੂੰ ਨਾਭਾ ਵਿਖੇ ਪ੍ਰੋਸੈਸਿੰਗ ਯੂਨਿਟ ਦਾ ਦੌਰਾ ਵੀ ਕਰਵਾਇਆ ਗਿਆ । ਫੂਡ ਪ੍ਰੋਸੈਸਰ ਹਰਪ੍ਰੀਤ ਕੌਰ ਪਟਿਆਲਾ ਕਿੰਗ ਨੇ ਆਪਣੇ ਸਫਲਤਾ ਦੇ ਨੁਕਤੇ ਸਿੱਖਿਆਰਥੀਆਂ ਨਾਲ ਸਾਂਝੇ ਕੀਤੇ ।